# ਪੰਜਾਬ ਸਕੂਲ ਸਿੱਖਿਆ ਬੋਰਡ
## ਪ੍ਰੈਸ ਨੋਟ

ਦਸਵੀਂ/ਬਾਰ੍ਹਵੀਂ ਸ਼੍ਰੇਣੀ ਦੀ ਸਪਲੀਮੈਂਟਰੀ ਪ੍ਰੀਖਿਆ (ਸਮੇਤ ਓਪਨ ਸਕੂਲ) ਅਗਸਤ 2018 ਦਾ ਨਤੀਜਾ ਮਿਤੀ 05-10-2018 ਨੂੰ ਘੋਸ਼ਿਤ ਹੋ ਚੁੱਕਾ ਹੈ। ਜਿਹੜੇ ਪ੍ਰੀਖਿਆਰਥੀਆਂ ਨੇ ਆਪਣੇ ਕਿਸੇ ਵਿਸ਼ੇ ਦੀ ਰੀਚੈਕਿੰਗ ਜਾਂ ਰੀਵੈਲੂਏਸ਼ਨ ਲਈ ਅਪਲਾਈ ਕਰਨਾ ਹੈ, ਉਹ ਮਿਤੀ 08-10-2018 ਤੋਂ ਪੰਜਾਬ ਸਕੂਲ ਸਿੱਖਿਆ ਬੋਰਡ ਦੀ ਵੈਬ-ਸਾਈਟ www.pseb.ac.in ਤੇ ਦਰਸਾਈਆਂ ਹਦਾਇਤਾਂ ਅਨੁਸਾਰ ਮਿਤੀ 22 -10-2018 ਤੱਕ ਆਨ-ਲਾਈਨ ਅਪਲਾਈ ਕਰ ਸਕਦੇ ਹਨ। ਇਸ ਤੋਂ ਬਾਅਦ ਫੀਸ ਚਲਾਨ ਜਨਰੇਟ ਕਰਕੇ ਦਰਸਾਈ ਬੈਂਕ ਵਿੱਚ ਆਖਰੀ ਮਿਤੀ 28-10-2018 ਤੱਕ ਫੀਸ ਜਮ੍ਹਾਂ ਕਰਵਾਈ ਜਾ ਸਕਦੀ ਹੈ। ਇਸ ਉਪਰੰਤ ਰੀਚੈਕਿੰਗ/ਰੀਵੈਲੂਏਸ਼ਨ ਫਾਰਮ ਦਾ ਪ੍ਰਿੰਟ ਅਤੇ ਜਮ੍ਹਾਂ ਕਰਵਾਈ ਗਈ ਫੀਸ ਦਾ ਚਲਾਨ ਆਪਣੇ ਜਿਲ੍ਹੇ ਦੇ ਖੇਤਰੀ ਦਫਤਰ, ਪੰਜਾਬ ਸਕੂਲ ਸਿੱਖਿਆ ਬੋਰਡ ਜਾਂ ਮੁੱਖ ਦਫਤਰ ਵਿਖੇ ਮਿਤੀ 02-11-2018 ਤੱਕ ਜਮ੍ਹਾਂ ਕਰਵਾਏ ਜਾ ਸਕਣਗੇ। ਪ੍ਰੀਖਿਆਰਥੀ ਰੀਚੈਕਿੰਗ ਜਾਂ ਰੀਵੈਲੂਏਸ਼ਨ ਲਈ ਇੱਕ ਹੀ ਵਾਰ ਫਾਰਮ ਭਰ ਸਕਦਾ ਹੈ। ਭਰਿਆ ਫਾਰਮ/ਚਲਾਨ ਕੈਂਸਲ ਨਹੀਂ ਕੀਤਾ ਜਾਵੇਗਾ।

ਸਕੱਤਰ
ਪੰਜਾਬ ਸਕੂਲ ਸਿੱਖਿਆ ਬੋਰਡ।